8 Dec.-TT-Pages.qxd 12/8/2024 11:42 PM Page 1

ਨਹਿਰ ਦੇ ਪਾੜ ਨੂੰ ਭਰਨ ਦੀ ਜੱਦੋ- ਜਹਿਦ ਕਰਦੇ ਹੋਏ ਲੋਕ, ਪਾਣੀ ਕਾਰਨ ਡੁੱਬੀਆਂ ਫਸਲਾਂ ਦਾ ਦ੍ਰਿਸ਼। ਤਸਵੀਰਾਂ:ਬਲਵਿੰਦਰ ਸਿੰਘ

ਪਿੰਡ ਧੁੰਨ ਢਾਏ ਵਾਲਾ ਵਿਖੇ ਨਖਾਸੂ ਨਹਿਰ ਟੁੱਟਣ ਕਾਰਨ ਕਣਕ ਦੀ ਫ਼ਸਲ ਹੋਈ ਪ੍ਰਭਾਵਿਤ

ਚੋਹਲਾ ਸਾਹਿਬ, 8 ਦਸੰਬਰ (ਬਲਵਿੰਦਰ ਸਿੰਘ)- ਨਜ਼ਦੀਕੀ ਪਿੰਡ ਧੁੰਨ ਢਾਏ ਵਾਲਾ ਵਿਖੇ ਅਚਾਨਕ ਨਖਾਸੂ ਨਹਿਰ ਟੁੱਟ ਜਾਣ ਕਾਰਨ ਇਸ ਪਿੰਡ ਦੇ ਦਰਜਨਾ ਕਿਸਾਨਾਂ ਦੀ ਕਣਕ ਦੀ ਫਸਲ ਪਾਣੀ ਵਿਚ ਡੁੱਬਣ ਕਾਰਨ ਨੁਕਸਾਨੀ ਗਈ ਹੈ› ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੀੜਿਤ ਕਿਸਾਨ ਪਰਮਜੀਤ ਸਿੰਘ ਰੰਧਾਵਾ, ਪੰਜਾਬ ਸਿੰਘ ਅਤੇ ਹੋਰ ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਦੇ ਖੇਤਾਂ ਦੇ ਨਜ਼ਦੀਕ ਦੀ ਇਕ ਨਖਾਸੂ ਨਹਿਰ ਲੰਘਦੀ ਹੈ, ਜਿਸ ਦੀ ਲੰਬੇ ਸਮੇਂ ਤੋਂ ਖਿਲਾਈ ਨਾ ਹੋਣ ਕਾਰਨ, ਉਸ ਵਿਚ ਘਾਹ ਫੂਸ ਉੱਗ ਚੁੱਕਾ ਹੈ, ਟੁੱਟੇ ਹੋਣ ਕਾਰਨ ਇਸ ਵਿਚ ਛੱਡਿਆ ਜਾਂਦਾ ਪਾਣੀ ਉਨ੍ਹਾਂ ਲਈ ਹਰ ਸਾਲ ਬਰਬਾਦੀ ਦਾ ਕਾਰਨ ਬਣਦਾ ਹੈ। ਉਨ੍ਹਾਂ ਦੱਸਿਆ ਕਿ ਅੱਜ ਤਕਰੀਬਨ ਦੁਪਹਿਰ ਦੇ ਸਮੇਂ ਇਹ ਨਖਾਸੂ ਨਹਿਰ ਇਕ ਪਾਸੇ ਤੋਂ ਟੁੱਟ ਜਾਣ ਕਾਰਨ ਆਸ-ਪਾਸ ਦੇ ਕਣਕ ਦੀ ਲਗਾਈ ਵਾਲੇ ਖੇਤਾਂ ਵਿਚ ਭਾਰੀ ਪਾਣੀ ਭਰ ਗਿਆ ਅਤੇ ਤਾਂ ਇਸ ਸਬੰਧੀ ਜਦ ਸਬੰਧਤ ਵਿਭਾਗ ਦੇ ਕਰਮਚਾਰੀਆਂ ਨੂੰ ਸੂਚਿਤ ਕੀਤਾ ਤਾਂ ਉਨ੍ਹਾਂ ਨੇ ਕਿਹਾ ਕਿ ਉਹ ਮੌਕੇ 'ਤੇ ਨਹੀਂ ਪੁੱਜ ਸਕਦੇ। ਪੀੜਿਤ ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਨੇ ਬਹੁਤ ਹੀ ਜਦੋ-ਜਹਿਦ ਕਰਨ ਤੋਂ ਬਾਅਦ ਪਾਣੀ 'ਤੇ ਕਾਬੂ ਪਾਇਆ ਹੈ ਪਰ ਸ਼ਾਮ ਤੱਕ ਕੋਈ ਵੀ ਅਧਿਕਾਰੀ ਜਾਂ ਕਰਮਚਾਰੀ ਉਨ੍ਹਾਂ ਦਾ ਹਾਲ ਜਾਨਣ ਇੱਥੇ ਨਹੀਂ ਪੁੱਜਾ। ਉਨ੍ਹਾਂ ਦੱਸਿਆ ਕਿ ਇਹ ਨਿਖਾਸੂ ਨਹਿਰ ਲੰਮਾ ਸਮਾਂ ਬੰਦ ਰਹਿੰਦੀ ਹੈ ਅਤੇ ਅਚਾਨਕ ਹੀ ਇਸ ਵਿਚ ਪਾਣੀ ਛੱਡ ਦਿੱਤਾ ਜਾਂਦਾ ਹੈ। ਕੋਈ ਵੀ ਸਬੰਧਿਤ ਵਿਭਾਗ ਦਾ ਕਰਮਚਾਰੀ ਇਹ ਆਪਣਾ ਫ਼ਰਜ ਸਮਝਣਾ ਮੁਨਾਸਿਬ ਨਹੀਂ ਸਮਝਦਾ ਕਿ ਪਾਣੀ ਛੱਡਣ ਤੋਂ ਪਹਿਲਾਂ ਨਹਿਰ ਦੀ ਹਾਲਤ ਵੇਖ ਲਈ ਜਾਵੇ, ਹਰ ਵਾਰ ਇਸੇ ਤਰ੍ਹਾਂ ਹੀ ਜਦੋਂ ਪਾਣੀ ਛੱਡਿਆ ਜਾਂਦਾ ਹੈ, ਤਾਂ ਇਹ ਪਾਣੀ ਉਨ੍ਹਾਂ ਦੀਆਂ ਫਸਲਾਂ ਬਰਬਾਦ ਕਰ ਦਿੰਦਾ ਹੈ। ਵਾਰ-ਵਾਰ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਅਜੇ ਤੱਕ ਇਸ ਨਹਿਰ ਦੀ ਖਿਲਾਈ ਨਹੀਂ ਕੀਤੀ ਜਾ ਰਹੀ। ਉਨ੍ਹਾਂ ਦੱਸਿਆ ਕਿ ਅੱਜ ਛੱਡੇ ਗਏ ਅਚਾਨਕ ਪਾਣੀ ਕਾਰਨ ਜਦ ਨਹਿਰ ਟੁੱਟ ਗਈ ਤਾਂ ਵੇਖਦੇ ਹੀ ਵੇਖਦੇ ਇਹ ਉਹਨਾਂ ਦੀ ਕਣਕ ਦੀ ਫਸਲਾਂ ਵਿੱਚ ਆ ਵੜਿਆ ਜਦ ਕਿ ਕਣਕ ਨੂੰ ਪਹਿਲਾਂ ਹੀ ਪਾਣੀ ਲੱਗਾ ਹੋਣ ਕਾਰਨ ਉਨਵਾਂ ਦੀ ਕਣਕ ਦੀ ਫਸਲ ਪਾਣੀ ਵਿਚ ਪੂਰੀ ਤਰ੍ਹਾਂ ਡੁੱਬ ਗਈ ਹੈ, ਜੋ ਫਸਲ ਨੂੰ ਕਾਫੀ ਹੱਦ ਤੱਕ ਪ੍ਰਭਾਵਿਤ ਕਰੇਗੀ। ਉਨ੍ਹਾਂ ਪੰਜਾਬ ਸਰਕਾਰ, ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੂੰ ਅਪੀਲ ਕੀਤੀ ਕਿ ਸਬੰਧਿਤ ਵਿਭਾਗ ਦੇ ਕਰਮਚਾਰੀਆਂ ਨੂੰ ਇਸ ਗੱਲ ਲਈ ਜਿੰਮੇਵਾਰ ਬਣਾਇਆ ਜਾਵੇ ਕਿ ਉਨ੍ਹਾਂ ਜਦ ਵੀ ਕਿਸੇ ਨਹਿਰ ਜਾਂ ਰਜਬਾਹੇ ਵਿਚ ਪਾਣੀ ਛੱਡਣ ਤੋਂ ਪਹਿਲਾਂ ਉਸ ਨਹਿਰ ਦੀ ਹਾਲਤ ਜਰੂਰ ਵੇਖ ਲਿਆ ਕਰਨ। ਉਨ੍ਹਾਂ ਕਿਹਾ ਲੰਮੇ ਸਮੇਂ ਤੋਂ ਇਹ ਨਹਿਰ ਉਨ੍ਹਾਂ ਦੀਆਂ ਫਸਲਾਂ ਨੂੰ ਬਰਬਾਦ ਕਰਦੀ ਆ ਰਹੀ ਹੈ, ਪਰ ਅਜੇ ਤੱਕ ਕਿਸੇ ਵੀ ਸਰਕਾਰੀ ਨੁਮਾਇੰਦੇ ਨੇ ਇਸ ਨਹਿਰ ਦੀ ਖਲਾਈ ਕਰਨਾ ਮੁਨਾਸਿਫ ਨਹੀਂ ਸਮਝਿਆ। ਇਸ ਸਬੰਧੀ ਜਦ ਸੰਬੰਧਤ ਵਿਭਾਗ ਦੇ ਜੇ.ਈ. ਗੁਰਮੇਜ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਬਾਅਦ ਦੁਪਹਿਰ ਇਸ ਸਬੰਧੀ ਜਾਣਕਾਰੀ ਮਿਲੀ ਸੀ 'ਤੇ ਉਦੋਂ ਹੀ ਉਨ੍ਹਾਂ ਨੇ ਨਹਿਰ ਵਿਚੋਂ ਪਾਣੀ ਦਾ ਪੱਧਰ ਘਟਾ ਦਿੱਤਾ ਸੀ। ਖ਼ਬਰ ਲਿਖੇ ਜਾਣ ਤੱਕ ਪਿੰਡ ਵਾਸੀਆਂ ਵਲੋਂ ਆਪਣੇ ਬਲਬੂਤੇ 'ਤੇ ਟੁੱਟੀ ਨਹਿਰ ਦੇ ਬੰਨ੍ਹ ਨੂੰ ਬੰਨਣ ਦਾ ਕੰਮ ਕੀਤਾ ਜਾ ਰਿਹਾ ਸੀ, ਪਰ ਕੋਈ ਵੀ ਸਬੰਧਤ ਵਿਭਾਗ ਦਾ ਕਰਮਚਾਰੀ ਉਨ੍ਹਾਂ ਕੋਲ ਨਹੀਂ ਪੁੱਜਾ।

ਆਸਟ੍ਰੇਲੀਆ ਜਾਣ ਵਾਲੇ ਵਿਦਿਆਰਥੀਆਂ ਦਾ ਸੁਪਨਾ ਪੂਰਾ ਕਰ ਰਹੇ ਹਨ ਗੈਵੀ ਕਲੇਰ

ਫਰਵਰੀ ਇਨਟੇਕ ਅਪਲਾਈ ਕਰਨ ਦਾ ਆਖਰੀ ਮੌਕਾ- ਗੈਵੀ ਕਲੇਰ

ਤਰਨ ਤਾਰਨ, 8 ਦਸੰਬਰ (ਹਰਿੰਦਰ ਸਿੰਘ)-ਪੜ੍ਹਾਈ ਲਈ ਆਸਟ੍ਰੇਲੀਆ ਜਾਣ ਵਾਲੇ ਵਿਦਿਆਰਥੀਆਂ ਦੇ ਸਭ ਤੋਂ ਭਰੋਸੇਮੰਦ ਅਤੇ ਕਾਬਿਲ ਸਟੱਡੀ ਵੀਜ਼ਾ ਮਾਹਿਰ ਗੈਵੀ ਕਲੇਰ ਆਸਟ੍ਰੇਲੀਆ ਦੇ 100 ਪ੍ਰਤੀਸ਼ਤ ਨਤੀਜੇ ਦੇ ਰਹੇ ਹਨ। ਗੈਵੀ ਕਲੇਰ ਸਿਰਫ਼ ਫਰੈਸ਼ ਵਿਦਿਆਰਥੀਆਂ ਦੇ ਹੀ ਨਹੀਂ ਬਲਕਿ ਗੈਪ ਵਾਲੇ ਵਿਦਿਆਰਥੀਆਂ ਦੇ ਵੀ ਆਸਟ੍ਰੇਲੀਆ ਜਾਣ ਦੇ ਸੁਪਨੇ ਨੂੰ ਪੂਰਾ ਕਰ ਰਹੇ ਹਨ। ਬੀਤੇ ਦਿਨ ਗੈਵੀ ਕਲੇਰ ਵਲੋਂ ਇਕ ਹੋਰ ਵਿਦਿਆਰਥੀ ਤੇਜਬੀਰ ਸਿੰਘ ਪੁੱਤਰ ਕੁਲਬੀਰ ਸਿੰਘ ਆਸਟ੍ਰੇਲੀਆ ਸਟੱਡੀ ਵੀਜ਼ਾ ਤਹਾਥੀ ਸੋਹਲ ਤਰਨ ਤਾਰਨ ਦਾ ਆਸਟ੍ਰੇਲੀਆ ਦਾ ਵੀਜਾ ਲਗਵਾ ਕੇ ਦਿੱਤਾ ਹੈ। ਗੈਵੀ ਕਲੇਰ ਨੇ ਅੱਗੇ ਕਿਹਾ ਕਿ ਕੁਝ ਲੋਕ ਵਿਦਿਆਰਥੀਆਂ ਨੂੰ ਇਹ ਕਹਿ ਕੇ ਗੁੰਮਰਾਹ ਕਰ ਰਹੇ ਹਨ ਕਿ ਆਸਟ੍ਰੇਲੀਆ ਵਲੋਂ ਵਿਦਿਆਰਥੀਆਂ ਨੂੰ ਵੀਜੇ ਨਹੀਂ ਦਿੱਤੇ ਜਾ ਰਹੇ ਪਰੰਤੂ ਇਨ੍ਹਾਂ ਅਫਵਾਹਾਂ ਵਿਚ ਕੋਈ ਸੱਚਾਈ ਨਹੀਂ ਹੈ। ਗੈਵੀ ਕਲੇਰ ਨੇ ਅੱਗੇ ਕਿਹਾ ਕਿ ਜਿਨ੍ਹਾਂ ਵਿਦਿਆਰਥੀਆਂ ਪੰਜਾਬ ਬੋਰਡ, ਸੀ.ਬੀ.ਐੱਸ.ਈ, ਆਈ.ਸੀ.ਐੱਸ.ਈ ਬੋਰਡ ਜਾਂ ਫਿਰ ਚੋਜ ਬੋਰਡ ਵਿਚ ਬਾਰ੍ਹਵੀਂ ਪਾਸ ਕੀਤੀ ਹੈ ਅਤੇ ਉਨ੍ਹਾਂ ਦੀ 65 ਪ੍ਰਤੀਸ਼ਤ ਅੰਕ ਹਨ ਉਹ ਵਿਦਿਆਰਥੀ ਆਈਲੈਟਸ ਵਿਚੋਂ ਓਵਰਆਲ 6.5 ਬੈਂਡ ਅਤੇ 1 ਮਡਿਊਲ ਵਿਚੋਂ 6 ਬੈਂਡ ਨਾਲ ਅਪਲਾਈ ਕਰ ਸਕਦੇ ਹਨ ਅਤੇ ਪੀ.ਈ.ਟੀ. ਵਿਚੋਂ 58 ਸਕੋਰ ਵਾਲੇ ਵਿਦਿਆਰਥੀ ਵੀ ਅਪਲਾਈ ਕਰ ਸਕਦੇ ਹਨ। ਪੜ੍ਹਾਈ ਵਿਚ 2 ਸਾਲ ਦਾ ਗੈਪ ਚੱਲ ਸਕਦਾ ਹੈ। 60 ਪ੍ਰਤੀਸ਼ਤ ਅੰਕਾਂ ਨਾਲ ਗ੍ਰੈਜੂਏਸ਼ਨ ਪਾਸ ਵਿਦਿਆਰਥੀ ਆਪਣੇ ਸਪਾਊਸ ਨਾਲ ਅਪਲਾਈ ਕਰ ਸਕਦੇ ਹਨ। ਜਿਹੜੇ ਵਿਦਿਆਰਥੀ ਬੈਚੂਲਰ ਜਾਂ ਮਾਸਟਰ ਡਿਗਰੀ ਕਰਨਾ ਚਾਹੁੰਦੇ ਹਨ ਉਹ ਲਈ ਫਰਵਰੀ ਇਨਟੇਕ ਇਕ ਵਧੀਆ ਮੌਕਾ ਹੈ। ਫਰਵਰੀ ਇਨਟੇਕ ਲਈ ਸੀਟਾਂ ਉਪਲਬੱਧ ਹਨ। ਵਿਦਿਆਰਥੀਆਂ ਨੂੰ ਕਿਸੇ ਵੀ ਤਰ੍ਹਾ ਦੇ ਪੁਰਾਣੇ ਫੰਡਾਂ ਦੀ ਲੋੜ ਨਹੀ। ਗੈਵੀ ਕਲੇਰ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਧੋਖੇਬਾਜ ਏਜੰਟਾਂ ਤੋਂ ਬਚਣ ਦੀ ਲੋੜ ਹੈ ਅਤੇ ਵਿਦਿਆਰਥੀ ਪੰਜਾਬ ਸਰਕਾਰ ਤੋਂ ਮਾਨਤਾ ਵੀਜਾ ਸਲਾਹਕਾਰਾਂ ਰਾਹੀਂ ਹੀ ਅਪਲਾਈ ਕਰਨ। ਵਿਦਿਆਰਥੀ ਬਹੁਤ ਹੀ ਫਾਸਟ ਪ੍ਰੋਸੈਸ ਰਾਹੀਂ ਸਿਰਫ਼ 10 ਦਿਨਾਂ ਵਿਚ ਅਣਕੰਡਿਸ਼ਨਲ ਓਫਰ ਲੈਟਰ ਹਾਸਲ ਕਰਨ ਅਤੇ ਸਾਡੇ ਵਲੋਂ ਹੋਰਨਾਂ ਵਿਦਿਆਰਥੀਆਂ ਦੇ ਲਗਾਏ ਗਏ ਵੀਜੇ ਸਾਡੇ ਸੋਸਲ ਮੀਡੀਆ ਪੇਜ ਉਪਰ ਦੇਖੇ ਜਾ ਸਕਦੇ ਹਨ। ਗੈਵੀ ਕਲੇਰ ਹਰ ਰੋਜ ਸਵੇਰੇ 10 ਵਜੇ ਤੋਂ 2 ਵਜੇ ਤੱਕ ਗੁਰਦਾਸਪੁਰ ਅਤੇ ਦੁਪਹਿਰ 3 ਵਜੇ ਤੋਂ ਸ਼ਾਮ 6 ਵਜੇ ਤੱਕ ਅੰਮ੍ਰਿਤਸਰ ਦਫ਼ਤਰ ਵਿਖੇ ਮਿਲਦੇ ਹਨ।



ਆਸਟ੍ਰੇਲੀਆ ਸਟੱਡੀ ਵੀਜਾ ਦਿਖਾਉਂਦੇ ਹੋਏ ਤੇਜਬੀਰ ਸਿੰਘ।

ਪਿੰਡ ਸ਼ੇਰੋਂ ਤੋਂ ਕਾਂਗਰਸ ਪਾਰਟੀ ਵਿਚ ਸ਼ਾਮਿਲ ਹੋਏ ਪਰਿਵਾਰਾਂ ਨੂੰ ਸਨਮਾਨਿਤ ਕਰਨ ਸਮੇਂ ਹਰਮਿੰਦਰ ਸਿੰਘ ਗਿੱਲ। ਤਸਵੀਰ:ਮਨਜੀਤ ਸਿੰਘ

ਪਿੰਡ ਸ਼ੇਰੋਂ ਵਿਖੇ ਅਕਾਲੀ ਦਲ ਛੱਡ ਕਈ ਪਰਿਵਾਰ ਕਾਂਗਰਸ 'ਚ ਹੋਏ ਸ਼ਾਮਿਲ

ਪਾਰਟੀ 'ਚ ਸ਼ਾਮਿਲ ਹੋਏ ਪਰਿਵਾਰਾਂ ਨੂੰ ਹਰਮਿੰਦਰ ਸਿੰਘ ਗਿੱਲ ਨੇ ਕੀਤਾ ਸਨਮਾਨਿਤ

ਤਰਨ ਤਾਰਨ, 8 ਦਸੰਬਰ (ਹਰਿੰਦਰ ਸਿੰਘ)- ਅਗਾਮੀ ਵਿਧਾਨ ਸਭਾ ਚੋਣਾਂ ਵਿਚ ਕਾਂਗਰਸ ਪਾਰਟੀ ਦੀ ਬਣਨ ਜਾ ਰਹੀ ਸਰਕਾਰ ਅਤੇ ਆਮ ਆਦਮੀ ਪਾਰਟੀ ਵਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਨਜ਼ਰ ਅੰਦਾਜ਼ ਕਰਕੇ ਲੋਕਾਂ ਨਾਲ ਕਮਾਏ ਗਏ ਧ੍ਰੋਹ ਵੇਖਦਿਆਂ ਹੋਇਆਂ ਵਿਧਾਨ ਸਭਾ ਹਲਕਾ ਪੱਟੀ ਵਿਚ ਲੋਕ ਦੋਹਾਂ ਸਿਆਸੀ ਪਾਰਟੀਆਂ ਨੂੰ ਲਵਿਦਾ ਕਹਿ ਕੇ ਕਾਂਗਰਸ ਪਾਰਟੀ ਵਿਚ ਸ਼ਾਮਿਲ ਹੋ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਅਤੇ ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਨੇ ਹਲਕੇ ਦੇ ਪਿੰਡ ਸੇਰੋਂ ਵਿਖੇ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ 12 ਪਰਿਵਾਰਾਂ ਨੂੰ ਕਾਂਗਰਸ ਪਾਰਟੀ ਵਿਚ ਸ਼ਾਮਿਲ ਕਰਨ ਸਮੇਂ ਕਹੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਹਮੇਸ਼ਾ ਆਪਣੇ ਵਰਕਰਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਹੈ ਅਤੇ ਸਮੇਂ-ਸਮੇਂ 'ਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਦੇਖਦਿਆਂ ਹੋਇਆ ਉਨ੍ਹਾਂ ਨੂੰ ਅਹੁਦੇ ਦਿੱਤੇ ਹਨ ਜਦਕਿ ਦੂਸਰੀਆਂ ਪਾਰਟੀਆਂ ਵਿਚ ਵਰਕਰਾਂ ਨੂੰ ਕਈ ਮਾਣ ਸਨਮਾਨ ਨਹੀਂ ਦਿੱਤਾ ਜਾਂਦਾ ਅਤੇ ਉਨ੍ਹਾਂ ਦੀ ਵਰਤੋਂ ਕਰਨ ਤੱਕ ਹੀ ਉਨ੍ਹਾਂ ਨੂੰ ਸੀਮਿਤ ਰੱਖਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਕੇਂਦਰ ਜਾਂ ਪੰਜਾਬ ਵਿਚ ਕਾਂਗਰਸ ਸਰਕਾਰ ਬਣੀ ਹੈ, ਉਦੋਂ ਹੀ ਲੋਕਾਂ ਨੂੰ ਸਾਰੀਆਂ ਸੁੱਖ ਸਹੂਲਤਾਂ ਮਿਲੀਆਂ ਸਨ ਅਤੇ ਸਰਵੱਪਖੀ ਵਿਕਾਸ ਕਰਵਾਇਆ ਜਾਂਦਾ ਸੀ। ਇਸ ਮੌਕੇ ਸ਼ਾਮਿਲ ਹੋਏ ਪਰਿਵਾਰਾਂ ਨੇ ਹਰਮਿੰਦਰ ਸਿੰਘ ਗਿੱਲ ਨੂੰ ਭਰੋਸਾ ਦਿੱਤਾ ਕਿ ਉਹ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਕੋਈ ਕਸਰ ਨਹੀਂ ਛੱਡਣਗੇ। ਇਸ ਮੌਕੇ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਵਿਚ ਸੁਖਦੇਵ ਸਿੰਘ ਸ਼ੇਰੋਂ, ਬਾਬਾ ਬਲਵਿੰਦਰ ਸਿੰਘ ਮੈਂਬਰ, ਨਿਰਮਲ ਸਿੰਘ ਨਿੰਮਾ, ਗੱਜਣ ਸਿੰਘ ਸਾਬਕਾ ਬਲਾਕ ਸੰਮਤੀ ਮੈਂਬਰ, ਜਸਪਾਲ ਸਿੰਘ ਫੌਜੀ, ਸੁਰਿੰਦਰਪਾਲ ਸਿੰਘ ਸਾਹਬੀ, ਅਵਤਾਰ ਸਿੰਘ, ਬਲਦੇਵ ਸਿੰਘ, ਕਾਕੂ, ਸੇਵਾ ਸਿੰਘ ਅਤੇ ਮਹਿਲਾ ਸਿੰਘ ਆਦਿ।

ਲੜਕੀ ਨੂੰ ਭਜਾਉਣ ਦੇ ਦੋਸ਼ ਹੇਠ ਤਿੰਨ ਖ਼ਿਲਾਫ਼ ਕੇਸ ਦਰਜ

ਤਰਨ ਤਾਰਨ, 8 ਦਸੰਬਰ (ਪਰਮਜੀਤ ਜੋਸ਼ੀ)- ਜ਼ਿਲ੍ਹਾ ਤਰਨ ਤਾਰਨ ਅਧੀਨ ਪੈਂਦੇ ਥਾਣਾ ਸਰਾਏ ਅਮਾਨਤ ਖਾਂ ਦੀ ਪੁਲਿਸ ਨੇ ਵਿਆਹ ਦਾ ਝਾਂਸਾ ਦੇ ਕੇ ਲੜਕੀ ਨੂੰ ਭਜਾ ਲੈਣ ਦੇ ਦੋਸ਼ ਹੇਠ ਇਕ ਨੌਜਵਾਨ ਤੋਂ ਇਲਾਵਾ ਉਸ ਦੇ ਮਾਤਾ-ਪਿਤਾ ਖ਼ਿਲਾਫ਼ ਵੀ ਇਸ ਮਾਮਲੇ ਵਿਚ ਸਾਥ ਦੇਣ 'ਤੇ ਕੇਸ ਦਰਜ ਕੀਤਾ ਹੈ। ਥਾਣਾ ਸਰਾਏ ਅਮਾਨਤ ਖਾਂ ਵਿਖੇ ਇਲਾਕੇ ਦੇ ਇਕ ਪਿੰਡ ਦੀ ਰਹਿਣ ਵਾਲੀ ਔਰਤ ਨੇ ਸ਼ਿਕਾਇਤ ਕੀਤੀ ਕਿ ਉਸ ਦੀ ਲੜਕੀ ਨੂੰ ਅਰਮਾਨ ਸਿੰਘ ਪੁੱਤਰ ਬਲਵੰਤ ਸਿੰਘ ਆਪਣੇ ਪਿਤਾ ਬਲਵੰਤ ਸਿੰਘ ਅਤੇ ਮਾਤਾ ਦੀ ਮਿਲੀਭੁਗਤ ਨਾਲ ਵਰਗਲਾ ਕੇ ਕਿਧਰੇ ਲੈ ਗਿਆ ਹੈ। ਜਾਂਚ ਅਧਿਕਾਰੀ ਏ.ਐੱਸ.ਆਈ. ਰਾਜਪਾਲ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਉਪਰੰਤ ਉਕਤ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰਨ ਤੋਂ ਬਾਅਦ ਲੜਕੀ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

ਪੁਲਿਸ ਪਾਰਟੀ 'ਤੇ ਹਮਲਾ ਕਰਨ ਵਾਲੇ 10 ਵਿਅਕਤੀਆਂ ਖ਼ਿਲਾਫ਼ ਕੇਸ ਦਰਜ

ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਗਈ ਪੁਲਿਸ ਪਾਰਟੀ 'ਤੇ ਕੀਤਾ ਸੀ ਹਮਲਾ

ਝਬਾਲ, 8 ਦਸੰਬਰ (ਸੁਖਦੇਵ ਸਿੰਘ)- ਪਿੰਡ ਝਬਾਲ ਪੁਖਤਾ ਵਿਖੇ ਨਸ਼ਾ ਤਸਕਰੀ ਦੇ ਕੇਸ ਵਿਚ ਲੋੜੀਂਦੇ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਲਈ ਗਈ ਪੁਲਿਸ ਪਾਰਟੀ 'ਤੇ ਹਮਲਾ ਕਰਨ ਵਾਲੇ 10 ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰ ਲਿਆ ਗਿਆ ਹੈ। ਇਸ ਸਬੰਧੀ ਏ.ਐੱਸ.ਆਈ. ਜਤਿੰਦਰ ਸਿੰਘ ਵਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਬੀਤੀ ਸ਼ਾਮ ਬਲਵਿੰਦਰ ਸਿੰਘ ਉਰਫ਼ ਡੋਨੀ ਪੁੱਤਰ ਅਮਰਜੀਤ ਸਿੰਘ ਅਤੇ ਗੋਪਾਲ ਸਿੰਘ ਉਰਫ ਗੋਪਾਲਾ ਪੁੱਤਰ ਅਮਰਜੀਤ ਸਿੰਘ ਵਾਸੀ ਪੱਕਾ ਕਿਲਾ ਝਬਾਲ ਖ਼ਿਲਾਫ਼ ਪਿਛਲੇ ਦਿਨੀਂ ਥਾਣਾ ਝਬਾਲ ਵਿਖੇ ਐੱਨ.ਡੀ.ਪੀ.ਐੱਸ. ਐਕਟ ਤਹਿਤ ਪਰਚਾ ਦਰਜ ਕੀਤਾ ਗਿਆ ਸੀ। ਬੀਤੀ ਸ਼ਾਮ ਜਦ ਪੁਲਿਸ ਪਾਰਟੀ ਨੇ ਉਕਤ ਵਿਅਕਤੀਆਂ ਦੇ ਘਰ ਛਾਪੇਮਾਰੀ ਕੀਤੀ ਤਾਂ ਇਨ੍ਹਾਂ ਦੇ ਘਰਾਂ ਦੇ ਸਾਹਮਣੇ ਰਹਿੰਦੇ ਕੁਲਵਿੰਦਰ ਸਿੰਘ ਉਰਫ ਬਿੱਲਾ, ਬਲਵਿੰਦਰ ਸਿੰਘ ਡੋਨੀ, ਗੋਪਾਲ ਸਿੰਘ ਉਰਫ ਗੋਪਾਲਾ, ਕਾਲੇ ਪਤਨੀ ਬਲਵਿੰਦਰ ਸਿੰਘ ਉਰਫ਼ ਡੋਨੀ, ਮਨਜੀਤ ਸਿੰਘ ਉਰਫ ਅਫਰੀਦੀ, ਬਲਜੀਤ ਸਿੰਘ ਉਰਫ਼ ਘੜਕਾ,ਪੁੱਤਰਾਨ ਹੀਰਾ ਸਿੰਘ, ਜਸਵਿੰਦਰ ਕੌਰ ਪਤਨੀ ਕੁਲਵਿੰਦਰ ਸਿੰਘ ਬਿੱਲਾ ਮਨਪ੍ਰੀਤ ਕੌਰ ਪਤਨੀ ਗੋਪਾਲ ਸਿੰਘ ਵਾਸੀਆਨ ਪੱਕਾ ਕਿਲਾ ਝਬਾਲ, ਸੋਨੂੰ, ਸੁੱਖਾ ਪੁੱਤਰਾਨ ਕੁਲਵੰਤ ਸਿੰਘ ਵਾਸੀ ਚਰਚ ਵਾਲੀ ਗਲੀ ਝਬਾਲ, ਮੀਰਾਂ ਵਾਸੀ ਪੰਜਵੜ੍ਹ ਅਤੇ 10/12 ਵਿਅਕਤੀਆਂ ਨੇ ਪੁਲਿਸ ਪਾਰਟੀ ਤੇ ਡਾਂਗਾਂ ਸੋਟਿਆਂ ਤੇ ਬਾਲਿਆ ਨਾਲ਼ ਹਮਲਾ ਕਰ ਦਿੱਤਾ, ਜਿਸ ਨਾਲ ਹੌਲਦਾਰ ਮਨਬੀਰ ਸਿੰਘ ਅਤੇ ਗੁਰਵਿੰਦਰ ਸਿੰਘ ਜ਼ਖ਼ਮੀ ਹੋ ਗਏ। ਜ਼ਖਮੀਆਂ ਨੂੰ ਸਰਕਾਰੀ ਹਸਪਤਾਲ ਵਿਖੇ ਜੇਰੇ ਇਲਾਜ ਦਾਖ਼ਲ ਕਰਵਾ ਦਿੱਤਾ ਗਿਆ ਹੈ। ਉਕਤ ਵਿਅਕਤੀ ਖ਼ਿਲਾਫ਼ ਵੱਖ ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ।

ਸੁਖਬੀਰ ਸਿੰਘ ਬਾਦਲ ਨੂੰ ਜਾਨੋਂ ਮਾਰਨ ਦੀ ਕੋਸ਼ਿਸ਼ ਪਾਕਿਸਤਾਨੀ ਆਈ.ਐੱਸ.ਆਈ. ਕੱਟੜਵਾਦੀਆਂ ਦੀ ਗਿਣ